# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10 Pm

**ਮਿਤੀ: 24-03-2025**

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਦੂਸਰੇ ਦਿਨ ਜਾਰੀ ਏ . ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ 26 ਮਾਰਚ ਨੂੰ ਸਾਲ 2025 -26 ਦਾ ਬਜਟ ਪੇਸ਼ ਕੀਤਾ ਜਾਵੇਗਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ । ਸਪੀਕਰ ਸੰਧਵਾਂ ਨੇ ਪੰਜਾਬ ਸਰਕਾਰ ਵਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਗੱਲ ਕਰਦਿਆਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਤੇ ਪਿੰਡ ਵਾਸੀ ਨਸ਼ਿਆਂ ਵਿਰੁੱਧ ਇਸ ਜੰਗ ਵਿਚ ਵੱਧ-ਚੜ੍ਹ ਕੇ ਸਹਿਯੋਗ ਕਰਨ ਤੇ ਜੋ ਵੀ ਨਸ਼ਾ ਤਸਕਰ ਪਿੰਡਾਂ ਵਿਚ ਨਸ਼ਾ ਵੇਚਦਾ ਪਾਇਆ ਜਾਂਦਾ ਏ ਤਾਂ ਉਸ ਵਿਰੁੱਧ ਪੰਚਾਇਤੀ ਮਤਾ ਪਾ ਕੇ ਪਿੰਡ ਵਾਸੀ ਉਸ ਦਾ ਬਾਈਕਾਟ ਕਰਨ । ਉਨ੍ਹਾਂ ਕਿਹਾ ਕਿ ਸਭ ਦੇ ਸਹਿਯੋਗ ਨਾਲ ਹੀ ਇਸ ਜੰਗ ਨੂੰ ਜਿੱਤਿਆ ਜਾ ਸਕਦਾ ਏ । ਉਹਨਾਂ ਇਸ

ਮੌਕੇ ਫਰੀਦਕੋਟ ਦੇ ਪਿੰਡ ਧੂੜਕੋਟ ਵਿਖੇ 58 ਲੱਖ ਰੁਪਏ ਦੀ ਲਾਗਤ ਨਾਲ ਫਿਰਨੀ ਦਾ ਨੀਂਹ ਪੱਥਰ ਰੱਖਿਆ।

---------------------------------------------------------------------------

ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਚੰਡੀਗੜ੍ਹ ਦੇ ਇਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ 17 ਸਾਲਾ ਵਿਦਿਆਰਥੀ ਵਲੋਂ ਜ਼ੀਰਕਪੁਰ ਵਿੱਚ ਆਪਣੇ ਘਰ ਵਿਚ ਕੀਤੀ ਗਈ ਖੁਦਕੁਸ਼ੀ ਦਾ ਖੁਦ ਨੋਟਿਸ ਲਿਆ ਏ। ਲੜਕੇ ਦੀ ਮਾਂ ਨੇ ਦੋਸ਼ ਲਗਾਇਆ ਏ ਕਿ ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਦੇ ਕਹਿਣ 'ਤੇ ਸੈਕਟਰ-17 ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿੱਚ ਪੁਲਿਸ ਵੱਲੋਂ ਲੜਕੇ ਨੂੰ ਤਸੀਹੇ ਦਿੱਤੇ ਗਏ ਸਨ। ਕਮਿਸ਼ਨ ਦੇ ਚੇਅਰਮੈਨ ਜਸਟਿਸ ਸੰਤ ਪ੍ਰਕਾਸ਼ ਨੇ ਇਕ ਖ਼ਬਰ ਰਾਹੀਂ ਮਾਮਲੇ ਦਾ ਨੋਟਿਸ ਲੈਂਦਿਆਂ ਸੀਨੀਅਰ ਪੁਲਿਸ ਸੁਪਰਡੈਂਟ, ਚੰਡੀਗੜ੍ਹ ਤੇ ਸੀਨੀਅਰ ਪੁਲਿਸ ਸੁਪਰਡੈਂਟ, ਮੋਹਾਲੀ ਤੋਂ ਰਿਪੋਰਟ ਮੰਗੀ ਏ ਤੇ ਉਨ੍ਹਾਂ ਨੂੰ 25 ਅਪ੍ਰੈਲ ਨੂੰ ਸੁਣਵਾਈ ਤੋਂ ਇਕ ਹਫ਼ਤਾ ਪਹਿਲਾਂ ਰਿਪੋਰਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਨੇ। ਦੋਵਾਂ ਪੁਲਿਸ ਅਧਿਕਾਰੀਆਂ ਨੂੰ ਸੂਚਿਤ ਕਰਨ ਤੋਂ ਇਲਾਵਾ ਹੁਕਮ ਦੀ ਇਕ ਕਾਪੀ ਏਡੀਜੀਪੀ ਮਨੁੱਖੀ ਅਧਿਕਾਰ ਪੰਜਾਬ, ਡੀਜੀਪੀ ਚੰਡੀਗੜ੍ਹ ਤੇ ਗ੍ਰਹਿ ਸਕੱਤਰ ਚੰਡੀਗੜ੍ਹ ਨੂੰ ਵੀ ਜਾਣਕਾਰੀ ਲਈ ਭੇਜੀ ਗਈ ਏ।

---------------------------------------------------------------------------

ਪੰਜਾਬ ਸਰਕਾਰ ਨੇ ਅਨਾਥ ਤੇ ਬੇਸਹਾਰਾ ਬੱਚਿਆਂ ਦੀ ਕਾਨੂੰਨੀ ਗੋਦ ਲੈਣ ਦੀ ਪ੍ਰਕਿਰਿਆ ਨੂੰ ਹੋਰ ਸੁਚਾਰੂ, ਪਾਰਦਰਸ਼ੀ ਤੇ ਕੁਸ਼ਲ ਬਣਾਉਣ ਵੱਲ ਇਕ ਹੋਰ ਵੱਡਾ ਕਦਮ ਚੁੱਕਿਆ ਏ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਵਲੋਂ 16 ਗੋਦ ਲੈਣ ਵਾਲੀਆਂ ਏਜੰਸੀਆਂ ਨੂੰ ਪ੍ਰਵਾਨਗੀ ਦਿੱਤੀ ਏ, ਜੋ ਸੰਭਾਵੀ ਮਾਪਿਆਂ ਲਈ ਗੋਦ ਲੈਣ ਦੀ ਪ੍ਰਕਿਰਿਆ ਨੂੰ ਆਸਾਨ ਤੇ ਤੇਜ਼ ਕਰਨਗੀਆਂ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਨਾਥ ਬੱਚਿਆਂ ਦੀ ਭਲਾਈ ਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਯਕੀਨੀ ਬਣਾਉਣ ਲਈ ਸਰਕਾਰ ਨੇ 176 ਨਵੀਆਂ ਅਸਾਮੀਆਂ ਦੀ ਰਚਨਾ ਕੀਤੀ ਏ। ਇਹ ਕਰਮਚਾਰੀ ਗੋਦ ਲੈਣ ਦੀ ਪ੍ਰਕਿਰਿਆ ਨੂੰ ਮੁਸ਼ਕਿਲ ਰਹਿਤ, ਤੇਜ਼ ਤੇ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ ।

---

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ 23ਵੇਂ ਦਿਨ ਪੰਜਾਬ ਪੁਲਿਸ ਨੇ 109 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 8 ਕਿਲੋ ਹੈਰੋਇਨ, 3 ਕਿਲੋ ਅਫੀਮ, 40 ਕਿਲੋ ਭੁੱਕੀ ਤੇ 3 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ ਜਦਕਿ ਗ੍ਰਿਫਤਾਰ ਕੀਤੇ ਨਸ਼ਾ ਤਸਕਰਾਂ ਦੀ ਗਿਣਤੀ 2748 ਹੋ ਗਈ ਏ । ਇਸ ਬਾਰੇ ਵਿਸ਼ੇਸ਼

ਡੀਜੀਪੀ  ਅਰਪਿਤ ਸ਼ੁਕਲਾ ਨੇ ਦੱਸਿਆ ਕਿ 87 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1400 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 220 ਤੋਂ ਵੱਧ ਪੁਲਿਸ ਟੀਮਾਂ ਵਲੋਂ ਸੂਬਾ ਭਰ ਵਿਚ 462 ਥਾਵਾਂ ’ਤੇ ਛਾਪੇਮਾਰੀ ਕੀਤੀ ਗਈ ਹੈ, ਜਿਸ ਦੇ ਚਲਦਿਆਂ ਸੂਬੇ ਭਰ ਵਿਚ 70 ਐਫਆਈਆਰਜ਼ ਦਰਜ ਕੀਤੀਆਂ ਗਈਆਂ ਨੇ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 512 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਏ।

-----------------------------------------------------------------------------

ਇਸੇ ਦੌਰਾਨ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੰਮ੍ਰਿਤਸਰ ਦੇ ਪਿੰਡ ਇੱਬਨ ਕਲਾਂ ਦੀ ਇਕ ਔਰਤ ਸਮੇਤ 3 ਹੋਰਾਂ  ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਔਰਤ  ਅਕਸਰ ਪੁਲਿਸ ਦੀ ਵਰਦੀ ਪਹਿਨ ਕੇ ਨਸ਼ਾ ਤਸਕਰੀ ਦੀਆਂ ਨਾਪਾਕ ਗਤੀਵਿਧੀਆਂ ਨੂੰ ਅੰਜਾਮ ਦਿੰਦੀ ਸੀ।  ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਪਿੰਡ ਇੱਬਣ ਕਲਾਂ ਦੀ ਰਹਿਣ ਵਾਲੀ ਮੁਲਜ਼ਮ ਮਨਦੀਪ ਕੌਰ  ਪਾਕਿਸਤਾਨ ਸਥਿਤ ਤਸਕਰਾਂ ਨਾਲ ਮਿਲ ਕਿ ਤਸਕਰੀ ਕਰਦੀ ਸੀ।  ਇਸ ਮਾਮਲੇ ਵਿਚ ਹੋਰ ਜਾਂਚ ਜਾਰੀ ਹੈ।

----------------------------------------------------------------------------

ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਅੱਜ ਜ਼ਿਲ੍ਹਾ ਮੋਹਾਲੀ ਦੇ ਵੱਖ-ਵੱਖ ਤਹਿਸੀਲ ਕੰਪਲੈਕਸਾਂ ਦਾ ਦੌਰਾ ਕੀਤਾ। ਇਸ ਦੌਰਾਨ ਉਹਨਾਂ ਕਿਸਾਨਾਂ ਨੂੰ ਜ਼ਮੀਨ ਰਜਿਸਟ੍ਰੇਸ਼ਨ ਪ੍ਰਕਿਰਿਆ, ਆਨਲਾਈਨ ਫਰਦ, ਇੰਤਕਾਲ ਆਦਿ ਦੀਆਂ ਪ੍ਰਕਿਰਿਆਵਾਂ ਦਾ ਜਾਇਜ਼ਾ ਲਿਆ.। ਇਸ ਮੌਕੇ ਮੋਹਾਲੀ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅਨੁਰਾਗ ਵਰਮਾ ਨੂੰ ਮੋਹਾਲੀ ਦੀਆਂ ਤਹਿਸੀਲਾਂ ਵਿਚ ਦਿਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਅਨੁਰਾਗ ਵਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਨੂੰ ਸਮਾਂ, ਪੈਸਾ ਤੇ ਊਰਜਾ ਬਰਬਾਦ ਕੀਤੇ ਬਿਨਾਂ ਉਨ੍ਹਾਂ ਦੇ ਦਰਵਾਜ਼ੇ 'ਤੇ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਜ਼ਮੀਨ ਦੀ ਰਜਿਸਟ੍ਰੇਸ਼ਨ ਹੁਣ 5 ਮਿੰਟ ਦਾ ਕੰਮ ਹੋਵੇਗਾ ਕਿਉਂਕਿ ਜਨਤਾ ਸਮਾਂ ਤੇ ਪੈਸਾ ਬਚਾ ਸਕਦੀ ਏ। ਇਸ ਨਾਲ ਭ੍ਰਿਸ਼ਟਾਚਾਰ ਮੁਕਤ ਵਾਤਾਵਰਣ ਵੀ ਮਿਲੇਗਾ।